ਵਲੋਂ

ਡਾਇਰੈਕਟਰ,
ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ,
(ਤਕਨੀਕੀ ਸਿੱਖਿਆ ਵਿੰਗ), ਪੰਜਾਬ, ਚੰਡੀਗੜ੍ਹ।

ਸੇਵਾ ਵਿਖੇ

ਰਜਿਸਟਰਾਰ, (ਸੈਕੰਸ਼ਨਿੰਗ ਅਥਾਰਟੀਜ)

1. ਪੰਜਾਬ ਤਕਨੀਕੀ ਯੂਨੀਵਰਸਿਟੀ, ਜਲੰਧਰ।
2. ਡਾ. ਬੀ.ਆਰ.ਅੰਬੇਦਕਰ, ਨੈਸ਼ਨਲ ਇੰਸ. ਆਫ ਟੈਕ., ਜਲੰਧਰ।
3. ਇੰਡੀਅਨ ਇੰਸਟੀਚਿਊਟ ਆਫ ਟੈਕਨਾਲੋਜੀ, ਰੋਪੜ।
4. ਸੰਤ ਲੋਗੋਂਵਾਲ ਇੰਸਟੀਚਿਊਟ ਆਫ ਇੰਜ. ਅਤੇ ਟੈਕਨੌਲੋਜੀ, ਲੋਗੋਂਵਾਲ, ਸੰਗਰੂਰ।
5. ਥਾਪਰ ਯੂਨੀਵਰਸਿਟੀ, ਪਟਿਆਲਾ।
6. ਨੈਸ਼ਨਲ ਇੰਸਟੀਚਿਊਟ ਆਫ ਫਾਰਮਾਸਿਊਟੀਕਲ ਐਜੂਕੇਸ਼ਨ ਐਂਡ ਰਿਸਰਚ, ਮੋਹਾਲੀ।

7-21 ਪ੍ਰਿੰਸੀਪਲ
ਸਰਕਾਰੀ ਬਹੁਤਕਨੀਕੀ ਕਾਲਜ, ਅੰਮ੍ਰਿਤਸਰ, ਬਠਿੰਡਾ, ਬਟਾਲਾ, ਬਹਿਰਾਮ, ਬਡਬਰ, ਬੇਗੋਵਾਲ, ਬਰੇਟਾ, ਭਿਖੀਵਿੰਡ, ਹੁਸ਼ਿਆਰਪੁਰ, ਜੀਟੀਬੀ ਗੜ, ਫਤੂਹੀਖੇੜਾ, ਰਾਂਣਵਾ, ਖੂਨੀਮਾਜਰਾ, ਕੋਟਕਪੂਰਾ, ਫਿਰੋਜ਼ਪੁਰ।

22-27 ਸਰਕਾਰੀ ਬਹੁਤਕਨੀਕੀ ਕਾਲਜ ਲੜਕੀਆਂ, ਅੰਮ੍ਰਿਤਸਰ, ਜਲੰਧਰ, ਦੀਨਾਨਗਰ, ਪਟਿਆਲਾ, ਲੁਧਿਆਣਾ ਅਤੇ ਰੋਪੜ।

28 ਪ੍ਰਿੰਸੀਪਲ ਗੌਰਮਿੰਟ ਇੰਸਟੀਚਿਊਟ ਆਫ ਟੈਕਸਟਾਈਲ ਕਮਿਸਟਰੀ ਅਤੇ ਨਿਟਿੰਗ ਟੈਕਨੌਲੋਜੀ, ਲੁਧਿਆਣਾ।

ਮੀਮੋ ਨੰ:ਟੀਈ/ 534 ਵੈਬ-ਪੋਰਟਲ/ਸਕਾਲਰਸ਼ਿਪ ਮਿਤੀ:21/8/14

ਵਿਸ਼ਾ: ਸਕਾਲਰਸ਼ਿਪ ਆਸ਼ੀਰਵਾਦ ਵੈਬ ਪੋਰਟਲ ਤੇ ਕੋਰਸ ਐਕਟਿਵ/ ਸ਼ੋਅ ਨਾ ਹੋਣ ਸਬੰਧੀ।

ਉਪਰਕੋਤ ਵਿਸ਼ੇ ਸਬੰਧੀ ਦੱਸਿਆ ਜਾਂਦਾ ਹੈ ਕਿ ਲਾਈਨ ਵਿਭਾਗ ਨੂੰ ਫੀਲਡ ਦੀਆਂ ਸਰਕਾਰੀ/ਪ੍ਰਾਈਵੇਟ ਸੰਸਥਾਵਾਂ ਵੱਲੋਂ ਵਾਰ-2 ਟੈਲੀਫੋਨ ਕੀਤੇ ਜਾ ਰਹੇ ਹਨ ਕਿ ਲਾਈਨ ਵਿਭਾਗ ਵੱਲੋਂ ਉਨ੍ਹਾਂ ਦੀਆਂ ਸਬੰਧਤ ਸੰਸਥਾਵਾਂ ਦੇ ਕੋਰਸਾਂ ਦੀਆਂ ਫੀਸਾਂ ਤਾਂ ਪ੍ਰਵਾਨ ਕਰ ਲਈਆਂ ਗਈਆਂ ਹਨ।ਪ੍ਰੰਤੂ ਜਿਸ ਸਮੇਂ ਵਿਦਿਆਰਥੀ ਵੈਬ ਪੋਰਟਲ ਤੇ ਆਪਣਾ ਨਾਮ ਰਜਿਸਟਰਡ /ਆਨਲਾਈਨ ਅਪਲਾਈ ਕਰਨ ਲੱਗਦੇ ਹਨ ਤਾਂ ਉਨ੍ਹਾਂ ਨੂੰ ਕੋਰਸ ਸ਼ੋਅ ਨਹੀਂ ਹੁੰਦੇ । ਇਸ ਲਈ ਆਪ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੀ ਅਤੇ ਆਪਦੇ ਅਧੀਨ ਆਉਂਦੀਆਂ ਸੰਸਥਾਵਾਂ ਤੋਂ ਜਾਣਕਾਰੀ ਪ੍ਰਾਪਤ ਕੀਤੀ ਜਾਵੇ ਕਿ ਕਿਹੜੀ-2 ਸੰਸਥਾ ਦੇ ਵਿਦਿਆਰਥੀਆਂ ਨੂੰ ਕਿਹੜੇ-2 ਕੋਰਸ ਸ਼ੋਅ ਨਹੀਂ ਹੋ ਰਹੇ। ਉਪਰੋਕਤ ਸੂਚਨਾ ਵਿਭਾਗ ਦੀ ਈ.ਮੇਲ ਆਈ.ਡੀ dtescholarship@yahoo.com ਤੇ ਹੀ ਹੇਠ ਲਿਖੇ ਪ੍ਰੋਫਾਰਮੇ ਵਿੱਚ ਮਿਤੀ 21.08.2014 ਸ਼ਾਮ 4:00 ਵਜੇ ਤੱਕ ਹਰ ਹਾਲਤ ਵਿੱਚ ਭੇਜੀ ਜਾਵੇ:-

| ਲੜੀ ਨੰ: | ਸੰਸਥਾ ਦਾ ਨਾਮ | ਕੋਰਸ ਦਾ ਨਾਮ | ਕੋਰਸ ਦਾ ਸਮਾਂ |
|---|---|---|---|
| 1 | 2 | 3 | 4 |

ਇਸ ਨੂੰ ਅਤਿ ਜ਼ਰੂਰੀ ਸਮਝਦੇ ਹੋਏ ਪਰਮ-ਅਗੇਤ ਦਿੱਤੀ ਜਾਵੇ ਕਿਉਂ ਜੋ ਵਿਦਿਆਰਥੀਆਂ ਵੱਲੋਂ ਆਨਲਾਈਨ ਅਪਲਾਈ ਕਰਨ ਲਈ ਪੋਰਟਲ ਮਿਤੀ 31-08-2014 ਤੱਕ ਹੀ ਖੁੱਲ੍ਹਾ ਹੈ।

ਵਧੀਕ ਡਾਇਰੈਕਟਰ
ਵਾ: ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ।

ਪਿੱਠ ਅੰਕਣ ਨੰ:ਟੀਈ/ 535 ਵੈਬ-ਪੋਰਟਲ/ਸਕਾਲਸ਼ਿਪ ਮਿਤੀ: 21/8/14

ਉਪਰੋਕਤ ਦਾ ਇੱਕ ਉਤਾਰਾ ਪ੍ਰੋਗਰਾਮਰ (ਮੁੱਖ ਦਫ਼ਤਰ) ਨੂੰ ਵਿਭਾਗ ਦੀ ਵੈਬ ਸਾਈਟ ਤੇ ਪਾਉਣ ਹਿੱਤ ਭੇਜਿਆ ਜਾਂਦਾ ਹੈ।

ਵਧੀਕ ਡਾਇਰੈਕਟਰ
ਵਾ: ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ।